# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 15-03-2026**

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਪਾਈਪ ਵਾਲੀ ਕੁਦਰਤੀ ਗੈਸ (ਪੀ.ਐੱਨ.ਜੀ.) ਤੇ ਤਰਲ ਪੈਟਰੋਲੀਅਮ ਗੈਸ (ਐੱਲ.ਪੀ.ਜੀ.) ਦੋਵੇਂ ਕੁਨੈਕਸ਼ਨਾਂ ਵਾਲੇ ਘਰਾਂ ਨੂੰ ਤੁਰੰਤ ਆਪਣੇ ਐੱਲ.ਪੀ.ਜੀ. ਕੁਨੈਕਸ਼ਨ ਸਰੈਂਡਰ ਕਰਨ ਦੇ ਨਿਰਦੇਸ਼ ਦਿੱਤੇ ਨੇ। ਕੱਲ੍ਹ ਜਾਰੀ ਇਕ ਨੋਟੀਫਿਕੇਸ਼ਨ ਵਿੱਚ ਮੰਤਰਾਲੇ ਨੇ ਕਿਹਾ ਏ ਕਿ ਪੀ.ਐੱਨ.ਜੀ. ਕੁਨੈਕਸ਼ਨ ਰੱਖਣ ਵਾਲੇ ਕਿਸੇ ਵਿਅਕਤੀ ਨੂੰ ਘਰੇਲੂ ਐੱਲ.ਪੀ.ਜੀ. ਕੁਨੈਕਸ਼ਨ ਰੱਖਣ, ਸਰਕਾਰੀ ਤੇਲ ਕੰਪਨੀਆਂ ਜਾਂ ਅਧਿਕਾਰਤ ਸਪਲਾਇਰ ਤੋਂ ਐੱਲ.ਪੀ.ਜੀ. ਸਿਲੰਡਰ ਰੀਫਿਲ ਪ੍ਰਾਪਤ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਅਜਿਹੇ ਖਪਤਕਾਰਾਂ ਨੂੰ ਵੀ ਆਪਣੇ ਐੱਲ.ਪੀ..ਜੀ.ਕੁਨੈਕਸ਼ਨ ਤੁਰੰਤ ਸਰੈਂਡਰ ਕਰਨ ਦੀ ਜ਼ਰੂਰਤ ਹੋਵੇਗੀ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤੋਂ ਸ਼ੁਰੂ ਹੋ ਰਹੇ 'MY Bharat Budget Quest 2026' ਮੁਕਾਬਲੇ ਦੇ ਰਾਜ ਅਤੇ ਕੇਂਦਰ ਸ਼ਾਸਤ

ਪ੍ਰਦੇਸ਼ ਪੱਧਰ ਦੇ ਜੇਤੂਆਂ ਨਾਲ ਗੱਲਬਾਤ ਕਰਨਗੇ। ਇਸ ਪਹਿਲ, ਨੀਤੀ ਨਿਰਮਾਣ ਵਿੱਚ ਨੌਜਵਾਨ ਪੀੜ੍ਹੀ ਦੀ ਭੂਮਿਕਾ ਨੂੰ ਮਜ਼ਬੂਤ ਕਰੇਗੀ ਤੇ 2047 ਤੱਕ ਆਤਮ-ਨਿਰਭਰ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਵੀ ਪਾਵੇਗੀ। MY Bharat Budget ਮੁਕਾਬਲੇ ਵਿੱਚ 12 ਲੱਖ ਤੋਂ ਵੱਧ ਨੌਜਵਾਨਾਂ ਨੇ ਹਿੱਸਾ ਲਿਆ ਅਤੇ 47 ਹਜ਼ਾਰ ਲੇਖ ਜਮਾਂ ਕੀਤੇ ਗਏ। ਕੇਂਦਰੀ ਬਜਟ 2026 ਨੂੰ ਵਿਆਪਕ ਤੌਰ 'ਤੇ ਯੁਵਾ ਸ਼ਕਤੀ ਵੱਲੋਂ ਸੰਚਾਲਿਤ ਬਜਟ ਮੰਨਿਆ ਜਾ ਰਿਹਾ ਏ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬਾ ਸਰਕਾਰ ਨਵੀਂ ਦਿੱਲੀ ਦੇ ਪ੍ਰਗਤੀ ਮੈਦਾਨ ਦੀ ਤਰਜ਼ 'ਤੇ ਲੁਧਿਆਣਾ, ਨਿਊ ਚੰਡੀਗੜ੍ਹ ਅਤੇ ਅੰਮ੍ਰਿਤਸਰ ਵਿਚ 3 ਕੌਮਾਂਤਰੀ ਮਿਆਰ ਦੇ ਪ੍ਰਦਰਸ਼ਨੀ ਕੇਂਦਰ ਸਥਾਪਤ ਕਰਨ ਜਾ ਰਹੀ ਏ ਤਾਂ ਜੋ ਸਨਅਤਕਾਰ ਆਪਣੇ ਉਤਪਾਦਾਂ ਦਾ ਵਿਖਾਲਾ ਕਰ ਸਕਣ। ਮੁੱਖ ਮੰਤਰੀ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ-2026 ਵਿਚ ਬੋਲਦਿਆਂ ਕੱਲ੍ਹ ਕਿਹਾ ਕਿ ਪੰਜਾਬ ਸਰਕਾਰ ਅਗਲੇ 50 ਸਾਲਾਂ ਦੇ ਆਰਥਿਕ ਵਿਕਾਸ ਵਾਸਤੇ ਸੂਬੇ ਨੂੰ ਤਿਆਰ ਕਰ ਰਹੀ ਏ, ਜਿਸ ਦਾ ਮਕਸਦ ਪੰਜਾਬ ਨੂੰ ਵਿਸ਼ਵਵਿਆਪੀ ਬਰਾਮਦ ਕੇਂਦਰ ਵਿੱਚ ਤਬਦੀਲ

ਕਰਨਾ ਏ। ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਪੰਜਾਬ ਦੇ ਯੋਗਦਾਨ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਹਮੇਸ਼ਾ ਤੋਂ ਦੇਸ਼ ਦਾ ਅੰਨ ਭੰਡਾਰ ਰਿਹਾ ਏ ਤੇ ਕਰੀਬ 185 ਲੱਖ ਮੀਟ੍ਰਿਕ ਟਨ ਚੌਲ ਅਤੇ 125 ਲੱਖ ਮੀਟ੍ਰਿਕ ਟਨ ਕਣਕ ਪੈਦਾ ਕਰਦਾ ਏ। ਕਣਕ-ਝੋਨੇ ਦੇ ਫ਼ਸਲੀ ਚੱਕਰ 'ਚੋਂ ਨਿਕਲਣ ਲਈ ਖੇਤੀਬਾੜੀ ਵੰਨ-ਸੁਵੰਨਤਾ ਬਹੁਤ ਜ਼ਰੂਰੀ ਏ। ਪੰਜਾਬ ਦੇ ਕਿਸਾਨ ਕਣਕ-ਝੋਨੇ ਦੇ ਚੱਕਰ 'ਚੋਂ ਨਿਕਲ ਕੇ ਅੱਗੇ ਵਧਣਾ ਚਾਹੁੰਦੇ ਨੇ ਪਰ ਵਿਵਹਾਰਕ ਬਦਲਾਂ ਦੀ ਘਾਟ ਇਕ ਚੁਣੌਤੀ ਏ ਜਦਕਿ ਫੂਡ ਪ੍ਰੋਸੈਸਿੰਗ ਵਿਹਾਰਕ ਹੱਲ ਪੇਸ਼ ਕਰਦੀ ਏ। ਮੁੱਖ ਮੰਤਰੀ ਨੇ ਨਵੀਂ ਸਨਅਤੀ ਨੀਤੀ ਤਹਿਤ ਵਧਾਈਆ ਗਈਆਂ ਸਬਸਿਡੀਆਂ ਦਾ ਵੀ ਐਲਾਨ ਕੀਤਾ। ਨਵੀ ਸਨਅਤੀ ਨੀਤੀ ਤਹਿਤ ਫੂਡ ਪ੍ਰੋਸੈਸਿੰਗ ਉਦਯੋਗਾਂ ਲਈ ਸਬਸਿਡੀਆਂ ਹੁਣ 125 ਫ਼ੀਸਦੀ ਤੱਕ ਵਧਾ ਦਿੱਤੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਫੁੱਲਾਂ ਦੀ ਖੇਤੀ ਨੂੰ ਵੀ ਉਤਸ਼ਾਹਤ ਕਰ ਰਹੇ ਹਾਂ ਅਤੇ ਸਾਡਾ ਟੀਚਾ ਇਸ ਨੂੰ 16 ਫੀਸਦੀ ਤੱਕ ਵਧਾਉਣਾ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬਾਸਮਤੀ ਚੌਲ ਉਤਪਾਦਕਾਂ ਲਈ ਕੀਟਨਾਸ਼ਕਾਂ ਦੀ ਰਹਿੰਦ-ਖੂੰਹਦ ਦੀ ਜਾਂਚ ਕਰਨ ਲਈ ਮੋਹਾਲੀ ਵਿੱਚ ਲੈਬਾਟਰੀ ਸਥਾਪਤ ਕੀਤੀ ਏ ਅਤੇ ਜੇਕਰ ਬਾਜ਼ਾਰ ਦੀਆਂ ਕੀਮਤਾਂ ਘੱਟੋ-ਘੱਟ ਪੱਧਰ ਤੋਂ ਹੇਠਾਂ

ਆਉਂਦੀਆਂ ਨੇ ਤਾਂ ਅਸੀਂ ਐੱਮ.ਐੱਸ.ਪੀ. ਸਹਾਇਤਾ ਦੇਣ ਅਤੇ ਇਸ ਸਬੰਧੀ ਢੁਕਵੇਂ ਕਦਮ ਚੁੱਕਣਾ ਯਕੀਨੀ ਬਣਾਵਾਂਗੇ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਖੇਤੀ ਰਸਾਇਣਾਂ ਤੇ ਖਾਦਾਂ ਲਈ ਅਹਿਮ ਹੱਬ ਵਜੋਂ ਵੀ ਉੱਭਰ ਰਿਹਾ ਏ।

---------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਮੋਡਿਊਲ ਦਾ ਪਰਦਾਫਾਸ਼ ਕਰਦਿਆਂ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ 6 ਆਧੁਨਿਕ ਪਿਸਤੌਲਾਂ, 60 ਜਿੰਦਾ ਕਾਰਤੂਸ ਅਤੇ ਸਾਢੇ 3 ਕਿੱਲੋ ਹੈਰੋਇਨ ਬਰਾਮਦ ਕੀਤੀ ਏ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਮੁਤਾਬਕ ਇਸ ਮਾਮਲੇ ਦੇ ਤਾਰ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਜੁੜੇ ਹੋਏ ਨੇ, ਜਿਹੜੇ ਕਿ ਭਾਰਤ–ਪਾਕਿ ਸਰਹੱਦ ਨੇੜੇ ਹਥਿਆਰਾਂ ਤੇ ਨਸ਼ਿਆਂ ਦੀ ਸਪਲਾਈ ਕਰਵਾ ਰਹੇ ਨੇ। ਇਸ ਸਬੰਧੀ **ਪੁਲਿਸ ਨੇ** ਅੰਮ੍ਰਿਤਸਰ ਵਿੱਚ 2 ਥਾਈਂ ਮਾਮਲੇ ਦਰਜ ਕੀਤੇ ਨੇ।

---------------------------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੱਲ੍ਹ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿਚ ਲੋਕ ਅਦਾਲਤਾਂ ਲਗਾਈਆਂ ਗਈਆਂ। ਸੂਬੇ ਦੇ ਸਾਰੇ ਜ਼ਿਲ੍ਹਿਆਂ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 465 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ 5 ਲੱਖ 69 ਹਜਾਰ 425 ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 5 ਲੱਖ  ਹਜਾਰ 372 ਕੇਸਾਂ ਦਾ ਸੁਹਿਰਦਤਾ ਨਾਲ ਨਿਬੇੜਾ ਕੀਤਾ ਗਿਆ ਅਤੇ 761 ਕਰੋੜ ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਪਹਿਲਕਦਮੀ ਦਾ ਉਦੇਸ਼ ਝਗੜਿਆਂ ਦਾ ਹੱਲ ਜਲਦੀ, ਘੱਟ ਖ਼ਰਚੇ 'ਤੇ  ਦੋਸਤਾਨਾ ਢੰਗ ਨਾਲ ਨਿਬੇੜਾ ਕਰਨਾ ਏ।

----------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਸੁਚਾਰੂ ਤੇ ਸਮੇਂ ਸਿਰ ਸਪਲਾਈ ਯਕੀਨੀ ਬਣਾਉਣ ਲਈ ਗੈਸ ਏਜੰਸੀਆਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਏ। ਕੰਟਰੋਲਰ ਖੁਰਾਕ ਤੇ ਸਿਵਲ ਸਪਲਾਈਜ਼ ਨਰਿੰਦਰ ਸਿੰਘ ਦੀ ਅਗਵਾਈ ਵਿਚ ਵਿਭਾਗ ਦੀਆਂ ਟੀਮਾਂ ਨੇ ਵੱਖ-ਵੱਖ ਇਲਾਕਿਆਂ ਵਿਚ ਗੈਸ ਏਜੰਸੀਆਂ ਤੇ ਗੁਦਾਮਾਂ ਦੀ ਚੈਕਿੰਗ ਕੀਤੀ। -PN

----------------------------------------------------------------------

ਇਸ ਦੇ ਨਾਲ ਹੀ ਪ੍ਰਦੇਸ਼ਕ ਖ਼ਬਰਾਂ ਖ਼ਤਮ ਹੋਈਆਂ...

ਸਾਡਾ X ਹੈਂਡਲ ਏ-

AT THE RATE AIR RNU JALANDHAR
ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ, 1 ਵਜ ਕੇ

40 ਮਿੰਟ 'ਤੇ।

ਨਮਸਕਾਰ।